ਪੰਜਾਬੀ ਟ੍ਰਿਬਿਊਨ, ਚੰਡੀਗੜ੍ਹ, ਐਤਵਾਰ, 22 ਮਈ 2016

# ਅਜੀਤ ਸਿੰਘ ਜੁਝਾਰ ਸਿੰਘ ਕਾਲਜ ਦਾ ਨਤੀਜਾ ਸ਼ਾਨਦਾਰ



ਕਾਲਜ ਬੇਲਾ ਦੀਆਂ ਅੱਵਲ ਰਹੀਆਂ ਵਿਦਿਆਰਥਣਾਂ ਕਮੇਟੀ ਮੈਂਬਰਾਂ ਨਾਲ। -ਫੋਟੋ: ਬੱਬੀ

ਨਿੱਜੀ ਪੱਤਰ ਪ੍ਰੇਰਕ

ਚਮਕੌਰ ਸਾਹਿਬ, 21 ਮਈ

ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦੇ ਸ਼ਾਨਦਾਰ ਨਤੀਜੇ ਰਹੇ। ਇਸ ਸਾਲ ਕਾਲਜ ਦੇ ਬਾਇਓਟੈੱਕ ਅਤੇ ਬੀ.ਵੋਕ (ਫੂਡ ਪ੍ਰੋਸੈਸਿੰਗ) ਦੇ ਸਾਰੇ ਵਿਦਿਆਰਥੀ ਫਸਟ ਪੁਜੀਸ਼ਨ ਵਿੱਚ ਪਾਸ ਹੋਏ।

ਕਾਲਜ ਦੇ ਪ੍ਰਿੰਸੀਪਲ ਪ੍ਰੋ. ਸੁਰਮੁੱਖ ਸਿੰਘ ਨੇ ਦੱਸਿਆ ਕਿ ਬਾਇਓਟੈੱਕ ਬੀ.ਐਸਸੀ ਵਿੱਚ ਕਮਲਦੀਪ ਕੌਰ ਨੇ 79.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਹਰਵਿੰਦਰ ਕੌਰ ਨੇ 78 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਤੇ ਕਿਰਨਦੀਪ ਕੌਰ ਨੇ 77.7 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ.ਵੋਕ (ਫੂਡ ਪ੍ਰੋਸੈਸਿੰਗ) ਵਿੱਚ ਵੀਰਾ ਨੇ 83 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਮਨਪ੍ਰੀਤ ਕੌਰ ਨੇ 82 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਤੇ ਦੀਪਕ ਨੇ 81 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਬਾਇਓਟੈੱਕ ਐੱਮਐੱਸਸੀ ਵਿੱਚ ਮੋਹਿਨੀ ਵਰਮਾ ਨੇ 79 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਮਨਦੀਪ ਕੌਰ ਨੇ 78 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਹਰਪ੍ਰੀਤ ਕੌਰ ਨੇ 77 ਫ਼ੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਕਮੇਟੀ ਦੇ ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਨੇ ਅੱਵਲ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਅੱਗੇ ਤੋਂ ਵੀ ਮਿਹਨਤ ਨਾਲ ਪੜ੍ਹਾਈ ਕਰਨ। ਇਸ ਤੋਂ ਬਾਅਦ ਅੱਵਲ ਰਹੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਸੰਗਤ ਸਿੰਘ ਲੌਂਗੀਆ, ਬਾਇਓਟੈੱਕ ਵਿਭਾਗ ਦੇ ਮੁਖੀ ਪ੍ਰੋ. ਮਮਤਾ ਅਰੋੜਾ ਤੇ ਅਨੁਰਾਧਾ ਧੀਮਾਨ ਆਦਿ ਹਾਜ਼ਰ ਸਨ।

Scanned with CamScanner